**ਪੰਜਾਬ ਸਰਕਾਰ**
**ਸਿੱਖਿਆ ਵਿਭਾਗ**

**ਵੱਲ :**

ਸਮੂਹ ਸਕੂਲ ਮੁਖੀ,
ਪੰਜਾਬ।

ਮੀਮੋ ਨੰ: AD(ਕੋ)/SSE/2018/401131
ਮਿਤੀ: 31.07.18

**ਵਿਸ਼ਾ :-** **ਸਕੂਲ ਲੈਕਚਰਾਰਾਂ ਦੁਆਰਾ ਲਈਆਂ ਜਾਣ ਵਾਲੀਆਂ ਕਲਾਸਾਂ ਸੰਬੰਧੀ।**

**ਹਵਾਲਾ:-** **ਮੀਮੋ ਨੰ: AD(ਕੋ)SSE/2017(12), ਮਿਤੀ ਐਸ.ਏ.ਐਸ. ਨਗਰ 18-08-2017 ਦੀ ਲਗਾਤਾਰਤਾ ਵਿੱਚ।**

1.0 ਉਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਉਕਤ ਵਿਸ਼ੇ ਸੰਬੰਧੀ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਬਹੁਤ ਸਾਰੇ ਸਕੂਲਾਂ ਵਿੱਚ ਲੈਕਚਰਾਰਾਂ ਦੁਆਰਾ ਸਿਰਫ 11ਵੀਂ ਤੇ 12ਵੀਂ ਜਮਾਤ ਦੇ ਆਪਣੇ ਵਿਸ਼ੇ ਦੇ ਪੀਰੀਅਡ ਹੀ ਲਏ ਜਾਂਦੇ ਹਨ, ਜਿਹੜੇ ਕਿ ਲੈਕਚਰਾਰ ਲਈ ਵਿਭਾਗ ਵੱਲੋਂ ਨਿਰਧਾਰਿਤ ਪੀਰੀਅਡਾਂ ਦੀ ਗਿਣਤੀ ਤੋਂ ਘੱਟ ਹਨ। ਵਿਭਾਗ ਵੱਲੋਂ ਲੈਕਚਰਾਰਾਂ ਲਈ ਨਿਰਧਾਰਿਤ ਪੀਰੀਅਡ ਲੈਣ ਸੰਬੰਧੀ ਪਹਿਲਾਂ ਵੀ ਉਕਤ ਹਵਾਲਾ ਅਧੀਨ ਪੱਤਰ ਰਾਹੀਂ ਹਦਾਇਤਾਂ ਜਾਰੀ ਹੋ ਚੁੱਕੀਆਂ ਹਨ ਪ੍ਰੰਤੂ ਉਨ੍ਹਾਂ 'ਤੇ ਪੂਰੀ ਤਰ੍ਹਾਂ ਅਮਲ ਨਹੀਂ ਕੀਤਾ ਜਾ ਰਿਹਾ।

3.0 ਉਕਤ ਦੇ ਸਨਮੁੱਖ ਮੁੜ ਤੋਂ ਹਦਾਇਤ ਕੀਤੀ ਜਾਂਦੀ ਹੈ ਕਿ ਲੈਕਚਰਾਰਾਂ ਦੇ 11ਵੀਂ ਤੇ 12ਵੀਂ ਜਮਾਤ ਦੇ ਸਬੰਧਤ ਵਿਸ਼ੇ ਦੇ ਨਿਰਧਾਰਿਤ ਪੀਰੀਅਡ ਪੂਰੇ ਕੀਤੇ ਜਾਣ। ਜੇਕਰ ਲੈਕਚਰਾਰਾਂ ਦੇ ਪੀਰੀਅਡ ਪੂਰੇ ਨਹੀਂ ਹੁੰਦੇ ਤਾਂ ਸਭ ਤੋਂ ਪਹਿਲਾਂ ਉਨ੍ਹਾਂ ਨੂੰ 10ਵੀਂ ਜਮਾਤ ਦੇ ਉਹ ਪੀਰੀਅਡ ਦਿੱਤੇ ਜਾਣ, ਜਿਸ ਵਿਸ਼ੇ ਦੇ ਉਹ ਲੈਕਚਰਾਰ ਹਨ ਜਾਂ ਜਿਸ ਵਿਸ਼ੇ ਵਿੱਚੋਂ ਉਹ ਪਦਉੱਨਤ ਹੋਏ ਹਨ। ਜੇਕਰ ਫਿਰ ਵੀ ਨਿਰਧਾਰਿਤ ਪੀਰੀਅਡ ਪੂਰੇ ਨਹੀਂ ਹੁੰਦੇ ਤਾਂ ਲੈਕਚਰਾਰਾਂ ਨੂੰ ਨੌਵੀਂ ਜਾਂ ਹੇਠਲੀਆਂ ਜਮਾਤਾਂ ਦੇ ਪੀਰੀਅਡ ਦਿੱਤੇ ਜਾਣ ਅਤੇ ਉਨ੍ਹਾਂ ਵੱਲੋਂ ਪੜ੍ਹਾਏ ਜਾਂਦੇ ਵਿਸ਼ਿਆਂ ਦੇ ਨਤੀਜੇ ਸਬੰਧਤ ਲੈਕਚਰਾਰਾਂ ਦੀਆਂ ਸਾਲਾਨਾ ਗੁਪਤ ਰਿਪੋਰਟ ਵਿੱਚ ਦਰਜ ਕੀਤੇ ਜਾਣ।

4.0 ਉਕਤ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਜ਼ਿੰਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ। ਜੇਕਰ ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰਨ 'ਚ ਕੋਈ ਦਿੱਕਤ ਪੇਸ਼ ਆਉਂਦੀ ਹੈ ਤਾਂ ਸਕੂਲ ਮੁੱਖੀ ਸਬੰਧਤ ਲੈਕਚਰਾਰ ਦੇ ਖਿਲਾਫ਼ ਤੁਰੰਤ ਸੂਚਨਾ ਜ਼ਿਲ੍ਹਾ ਸਿੱਖਿਆ ਅਫਸਰ ਅਤੇ ਮੁੱਖ ਦਫ਼ਤਰ ਨੂੰ ਭੇਜਣੀ ਯਕੀਨੀ ਬਣਾਉਣਗੇ।

ਸਕੱਤਰ,
ਸਕੂਲ ਸਿੱਖਿਆ, ਪੰਜਾਬ

ਪਿੱਠਅੰਕਣ ਨੰ: ਉਕਤ
ਮਿਤੀ: 31.07.18

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
2. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿੱ.), ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।
4. ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ.), ਪੰਜਾਬ।
5. ਸਮੂਹ ਸਿੱਖਿਆ ਸੁਧਾਰ ਕਮੇਟੀਆਂ, ਪੰਜਾਬ।

ਸਕੱਤਰ,
ਸਕੂਲ ਸਿੱਖਿਆ, ਪੰਜਾਬ